Punjabi - ਬਚਾ ਸ਼ਾਸਤਰ - Deliverance Scriptures

ਗਿਣਤੀ 10:35 ਜਦੋਂ ਲੋਕਾਂ ਨੇ ਪਵਿੱਤਰ ਸੰਦੂਕ ਨੂੰ ਡੇਰਾ ਚੁੱਕਣ ਲਈ ਉਠਾਇਆ, ਮੂਸਾ ਨੇ ਹਮੇਸ਼ਾ ਆਖਿਆ,"ਉਠੋ ਯਹੋਵਾਹ ਜੀ!ਸਾਰੇ ਤੁਹਾਡੇ ਦੁਸ਼ਮਣ ਖਿੰਡ ਜਾਣ।ਸਾਰੇ ਤੁਹਾਡੇ ਦੁਸ਼ਮਣ ਤੁਹਾਡੇ ਕੋਲੋਂ ਦੂਰ ਭੱਜ ਜਾਣ।"

ਅਸਤਸਨਾ 23:5 ਪਰ ਯਹੋਵਾਹ, ਤੁਹਾਡੇ ਪਰਮੇਸ਼ੁਰ, ਨੇ ਬਿਲਆਮ ਦੀ ਗੱਲ ਨਹੀਂ ਸਣੀ ਅਤੇ ਉਸਨੇ ਉਸ ਸਰਾਪ ਨੂੰ ਤੁਹਾਡੇ ਵਾਸਤੇ ਅਸੀਸ ਵਿੱਚ ਬਦਲ ਦਿੱਤਾ। ਕਿਉਂਕਿ ਯਹੋਵਾਹ, ਤੁਹਾਡਾ ਪਰਮੇਸ਼ੁਰ, ਤੁਹਾਨੂੰ ਪਿਆਰ ਕਰਦਾ ਹੈ। (ਨਹਮਿਆਹ 13:2)

ਜ਼ਬੂਰ 44:4 ਮੇਰੇ ਪਰਮੇਸ਼ੁਰ, ਤੁਸੀਂ ਮੇਰੇ ਪਾਤਸ਼ਾਹ ਹੋ। ਆਦੇਸ਼ ਦਿਉ ਅਤੇ ਯਾਕੂਬ ਦੇ ਲੋਕਾਂ ਦੀ ਜਿੱਤ ਵੱਲ ਅਗਵਾਈ ਕਰੋ।

ਯਸਈਆਹ 61:1 "ਮੇਰੇ ਪ੍ਰਭੂ, ਯਹੋਵਾਹ ਨੇ ਆਪਣੀ ਰੂਹ ਮੇਰੇ ਅੰਦਰ ਰੱਖ ਦਿੱਤੀ ਸੀ। ਯਹੋਵਾਹ ਨੇ ਮੇਰੀ ਚੋਣ ਗਰੀਬ ਲੋਕਾਂ ਨੂੰ ਸ਼ੁਭ ਸਮਾਚਾਰ ਦੇਣ ਲਈ ਅਤੇ ਉਦਾਸ ਲੋਕਾਂ ਨੂੰ ਸਕੂਨ ਦੇਣ ਲਈ ਕੀਤੀ ਸੀ। ਯਹੋਵਾਹ ਨੇ ਮੈਨੂੰ ਬੰਦੀਵਾਨਾਂ ਨੂੰ ਇਹ ਆਖਣ ਲਈ ਕਿ ਉਹ ਆਜ਼ਾਦ ਹਨ ਅਤੇ ਗੁਲਾਮਾਂ ਨੂੰ ਇਹ ਕਿ ਉਨ੍ਹਾਂ ਨੂੰ ਅਜ਼ਾਦ ਕਰ ਦਿੱਤਾ ਜਾਵੇਗਾ, ਆਖਣ ਲਈ ਭੇਜਿਆ ਸੀ। (ਲੋਕਾ 4:18)

ਮੱਤੀ 6:13 ਅਤੇ ਸਾਨੂੰ ਪਰਤਾਵੇ ਵਿੱਚ ਨਾ ਲਿਆ, ਸਗੋਂ ਬੁਰਿਆਈ ਤੋਂ ਬਚਾ। (ਲੋਕਾ 11:4)

ਮੱਤੀ 8:16 ਅਤੇ ਜਾਂ ਸੰਝ ਹੋਈ ਉਸ ਦੇ ਕੋਲ ਬਹੁਤਿਆਂ ਨੂੰ ਲਿਆਏ ਜਿਨ੍ਹਾਂ ਨੂੰ ਭੂਤ ਚਿੰਬੜੇ ਹੋਏ ਸਨ ਅਤੇ ਉਸ ਨੇ ਬਚਨ ਨਾਲ ਰੂਹਾਂ ਨੂੰ ਕੱਢ ਦਿੱਤਾ ਅਰ ਸਾਰੇ ਰੋਗੀਆਂ ਨੂੰ ਚੰਗਿਆਂ ਕੀਤਾ।

ਮੱਤੀ 10:1 ਉਸ ਨੇ ਆਪਣੇ ਬਾਰਾਂ ਚੇਲਿਆਂ ਨੂੰ ਕੋਲ ਸੱਦ ਕੇ ਉਨ੍ਹਾਂ ਨੂੰ ਇਖ਼ਤਿਆਰ ਦਿੱਤਾ ਜੋ ਭ੍ਰਿਸ਼ਟ ਆਤਮਿਆਂ ਨੂੰ ਕੱਢਣ ਅਤੇ ਸਾਰੇ ਰੋਗ ਅਤੇ ਸਾਰੀ ਮਾਂਦਗੀ ਨੂੰ ਦੂਰ ਕਰਨ। (ਮਰਕੁਸ 3:14,15)

ਮੱਤੀ 10:8 ਰੋਗੀਆਂ ਨੂੰ ਚੰਗਾ ਕਰੋ, ਮੁਰਦਿਆਂ ਨੂੰ ਜਿਵਾਲੋ, ਕੋੜ੍ਹੀਆਂ ਨੂੰ ਸ਼ੁੱਧ ਕਰੋ, ਭੂਤਾਂ ਨੂੰ ਕੱਢੋ। ਤੁਸਾਂ ਮੁਫ਼ਤ ਲਿਆ ਹੈ, ਮੁਫ਼ਤ ਹੀ ਦਿਓ।

ਮੱਤੀ 12:26-29 ਅਤੇ ਜੇ ਸ਼ਤਾਨ ਹੀ ਸ਼ਤਾਨ ਨੂੰ ਕੱਢਦਾ ਹੈ ਤਾਂ ਉਹ ਦੇ ਆਪਣੇ ਆਪ ਵਿੱਚ ਹੀ ਫੁੱਟ ਪੈ ਗਈ ਹੈ। ਫੇਰ ਉਹ ਦਾ ਰਾਜ ਕਿੱਕੁਰ ਕਾਇਮ ਰਹੇ? 27 ਅਰ ਜੇ ਮੈਂ ਬਆਲਜ਼ਬੂਲ ਦੀ ਸਹਾਇਤਾ ਨਾਲ ਭੂਤਾਂ ਨੂੰ ਕੱਢਦਾ ਹਾਂ ਤਾਂ ਤੁਹਾਡੇ ਪੁੱਤ੍ਰ ਕਿਹ ਦੀ ਸਹਾਇਤਾ ਨਾਲ ਕੱਢਦੇ ਹਨ? ਇਸ ਲਈ ਤੁਹਾਡਾ ਨਿਆਉਂ ਕਰਨ ਵਾਲੇ ਓਹੋ ਹੋਣਗੇ। 28 ਪਰ ਜੇ ਮੈਂ ਪਰਮੇਸ਼ੁਰ ਦੇ ਆਤਮਾ ਦੀ ਸਹਾਇਤਾ ਨਾਲ ਭੂਤਾਂ ਨੂੰ

ਕੱਢਦਾ ਹਾਂ ਤਾਂ ਪਰਮੇਸ਼ੁਰ ਦਾ ਰਾਜ ਤੁਹਾਡੇ ਉੱਤੇ ਆ ਪਹੁੰਚਿਆ ਹੈ। 29 ਅਥਵਾ ਕੋਈ ਕਿਸੇ ਜੋਰਾਵਰ ਦੇ ਘਰ ਵਿੱਚ ਵੜ ਕੇ ਉਹ ਦਾ ਮਾਲ ਕਿੱਕੁਰ ਲੁੱਟ ਸੱਕਦਾ ਹੈ ਜੇ ਪਹਿਲਾਂ ਉਸ ਜੋਰਾਵਰ ਨੂੰ ਬੰਨ੍ਹ ਨਾ ਲਵੇ? ਤਾਂ ਉਹ ਦਾ ਘਰ ਲੁੱਟੇਗਾ। (ਮਰਕੁਸ 3:23-27)

ਮੱਤੀ 12:43-45 ਪਰ ਜਾਂ ਭ੍ਰਿਸ਼ਟ ਆਤਮਾ ਮਨੁੱਖ ਤੋਂ ਨਿੱਕਲ ਗਿਆ ਹੋਵੇ ਤਾਂ ਸੁੱਕਿਆਂ ਥਾਵਾਂ ਵਿੱਚ ਅਰਾਮ ਭਾਲਦਾ ਫਿਰਦਾ ਹੈ ਪਰ ਨਹੀਂ ਲੱਭਦਾ। 44 ਤਦ ਉਹ ਆਖਦਾ ਹੈ ਭਈ ਮੈਂ ਆਪਣੇ ਘਰ ਜਿੱਥੋਂ ਨਿੱਕਲਿਆ ਸਾਂ ਮੁੜ ਜਾਵਾਂਗਾ ਅਤੇ ਆਣ ਕੇ ਉਹ ਨੂੰ ਵੇਹਲਾ ਅਤੇ ਝਾੜਿਆ ਸੁਆਰਿਆ ਹੋਇਆ ਵੇਖਦਾ ਹੈ। 45 ਤਦ ਉਹ ਜਾ ਕੇ ਹੋਰ ਸੱਤ ਆਤਮੇ ਆਪਣੇ ਨਾਲੋਂ ਵੀ ਭੈੜੇ ਸੰਗ ਲਿਆਉਂਦਾ ਹੈ ਅਤੇ ਓਹ ਅੰਦਰ ਵੜ ਕੇ ਉੱਥੇ ਵੱਸਦੇ ਹਨ। ਤਾਂ ਉਸ ਮਨੁੱਖ ਦਾ ਪਿਛਲਾ ਹਾਲ ਪਹਿਲੇ ਨਾਲੋਂ ਬੁਰਾ ਹੁੰਦਾ ਹੈ। ਇਸ ਬੁਰੀ ਪੀੜ੍ਹੀ ਦੇ ਲੋਕਾਂ ਦਾ ਵੀ ਠੀਕ ਇਹੋ ਜਿਹਾ ਹਾਲ ਹੋਵੇਗਾ।

ਮੱਤੀ 15:22,26,28 ਅਰ ਵੇਖੋ ਇੱਕ ਕਨਾਨੀ ਤੀਵੀਂ ਉਨ੍ਹਾਂ ਹੱਦਾਂ ਵਿੱਚੋਂ ਨਿੱਕਲ ਕੇ ਹਾਕਾਂ ਮਾਰਦੀ ਬੋਲੀ ਕਿ ਹੇ ਪ੍ਰਭੁ ਦਾਊਦ ਦੇ ਪੁੱਤ੍ਰ ਮੇਰੇ ਉੱਤੇ ਦਯਾ ਕਰੋ! ਮੇਰੀ ਧੀ ਦਾ ਬਦ ਰੂਹ ਦੇ ਸਾਯੇ ਨਾਲ ਬੁਰਾ ਹਾਲ ਹੈ। 26 ਤਾਂ ਉਹ ਨੇ ਉੱਤਰ ਦਿੱਤਾ ਕਿ ਬਾਲਕਾਂ ਦੀ ਰੋਟੀ ਲੈਕੇ ਕਤੂਰਿਆਂ ਅੱਗੇ ਸੁੱਟਣੀ ਚੰਗੀ ਨਹੀਂ ਹੈ। 28 ਤਦ ਯਿਸੂ ਨੇ ਉਸ ਨੂੰ ਉੱਤਰ ਦਿੱਤਾ, ਹੇ ਬੀਬੀ ਤੇਰੀ ਨਿਹਚਾ ਵੱਡੀ ਹੈ। ਜਿਵੇਂ ਤੂੰ ਚਾਹੁੰਦੀ ਹੈਂ ਤੇਰੇ ਲਈ ਤਿਵੇਂ ਹੀ ਹੋਵੇ ਅਤੇ ਉਸ ਦੀ ਧੀ ਉਸੇ ਘੜੀ ਚੰਗੀ ਹੋ ਗਈ।

ਮੱਤੀ 16:19 ਮੈਂ ਸੁਰਗ ਦੇ ਰਾਜ ਦੀਆਂ ਕੁੰਜੀਆਂ ਤੈਨੂੰ ਦਿਆਂਗਾ ਅਤੇ ਜੋ ਕੁਝ ਤੂੰ ਧਰਤੀ ਉੱਤੇ ਬੰਨ੍ਹੇਂਗਾ ਸੁਰਗ ਵਿੱਚ ਬੰਨ੍ਹਿਆ ਜਾਵੇਗਾ ਅਤੇ ਜੋ ਕੁਝ ਤੂੰ ਧਰਤੀ ਉੱਤੇ ਖੋਲ੍ਹੇਂਗਾ ਸੁਰਗ ਵਿੱਚ ਖੋਲ੍ਹਿਆ ਜਾਵੇਗਾ। (ਮੱਤੀ 18:18)

ਮੱਤੀ 17:19-21 ਤਦ ਚੇਲਿਆਂ ਨੇ ਇਕਾਂਤ ਵਿੱਚ ਯਿਸੂ ਦੇ ਕੋਲ ਆਣ ਕੇ ਆਖਿਆ ਕਿ ਅਸੀਂ ਉਹ ਨੂੰ ਕਿਉਂ ਨਾ ਕੱਢ ਸੱਕੇ ? 20 ਉਸ ਨੇ ਉਨ੍ਹਾਂ ਨੂੰ ਕਿਹਾ, ਆਪਣੀ ਘੱਟ ਨਿਹਚਾ ਦੇ ਕਾਰਨ ਕਿਉਂ ਜੋ ਮੈਂ ਤੁਹਾਨੂੰ ਸਤ ਆਖਦਾ ਹਾਂ ਕਿ ਜੇ ਤੁਹਾਡੇ ਵਿੱਚ ਇੱਕ ਰਾਈ ਦੇ ਦਾਣੇ ਸਮਾਨ ਨਿਹਚਾ ਹੋਵੇ ਤਾਂ ਤੁਸੀਂ ਇਸ ਪਹਾੜ ਨੂੰ ਕਹੋਗੇ ਜੋ ਐਧਰੋਂ ਹਟ ਕੇ ਉਸ ਥਾਂ ਚੱਲਿਆ ਜਾਹ ਅਤੇ ਉਹ ਚੱਲਿਆ ਜਾਵੇਗਾ ਅਤੇ ਤੁਹਾਨੂੰ ਕੋਈ ਕੰਮ ਅਣਹੋਣਾ ਨਾ ਹੋਵੇਗਾ। (21 ਤਦ ਯਿਸੂ ਨੇ ਕਿਹਾ, ਇਸ ਕਿਸਮ ਦੀ ਕੁਝ ਹੀ ਬਾਹਰ ਆ ਸਕਦਾ ਹੈ, ਪਰ ਪ੍ਰਾਰਥਨਾ ਅਤੇ ਵਰਤ ਕੇ.)

ਮਰਕੁਸ 1:23-26 ਅਤੇ ਉਸ ਵੇਲੇ ਉਨ੍ਹਾਂ ਦੀ ਸਮਾਜ ਵਿੱਚ ਇੱਕ ਮਨੁੱਖ ਸੀ ਜਿਹ ਨੂੰ ਭਰਿਸ਼ਟ ਆਤਮਾ ਚਿੰਬੜਿਆ ਹੋਇਆ ਸੀ ਅਤੇ ਇਉਂ ਕਹਿ ਕੇ ਉੱਚੀ ਅਵਾਜ਼ ਨਾਲ ਬੋਲ ਉੱਠਿਆ, 24 ਹੇ ਯਿਸੂ ਨਾਸਰੀ ਤੇਰਾ ਸਾਡੇ ਨਾਲ ਕੀ ਵਾਸਤਾ? ਕੀ ਤੂੰ ਸਾਡਾ ਨਾਸ ਕਰਨ ਆਇਆ ਹੈਂ? ਮੈਂ ਤੈਨੂੰ ਜਾਣਦਾ ਹਾਂ ਜੋ ਤੂੰ ਕੌਣ

ਹੈਂ ! ਤੂੰ ਪਰਮੇਸ਼ੁਰ ਦਾ ਪਵਿੱਤ੍ਰ ਪੁਰਖ ਹੈਂ ! 25 ਤਾਂ ਯਿਸੂ ਨੇ ਉਹ ਨੂੰ ਵਰਜ ਕੇ ਕਿਹਾ, ਚੁੱਪ ਕਰ ਅਤੇ ਇਸ ਵਿੱਚੋਂ ਨਿੱਕਲ ਜਾਹ ! 26 ਸੋ ਉਹ ਭਰਿਸ਼ਟ ਆਤਮਾ ਉਸ ਨੂੰ ਮਰੋੜ ਮਰਾੜ ਕੇ ਵੱਡੀ ਅਵਾਜ਼ ਨਾਲ ਚੀਕਾਂ ਮਾਰਦਾ ਉਸ ਵਿੱਚੋਂ ਨਿੱਕਲ ਗਿਆ।

ਮਰਕੁਸ 1:32-34 ਅਤੇ ਸੰਝ ਨੂੰ ਜਾਂ ਸੂਰਜ ਡੁੱਬ ਗਿਆ ਤਾਂ ਸਾਰੇ ਰੋਗੀਆਂ ਅਤੇ ਜਿਨ੍ਹਾਂ ਨੂੰ ਭੂਤ ਚਿੰਬੜੇ ਹੋਏ ਸਨ ਉਸ ਕੋਲ ਲਿਆਏ। 33 ਅਰ ਸਾਰਾ ਨਗਰ ਬੂਹੇ ਉੱਤੇ ਇਕੱਠਾ ਹੋਇਆ ਸੀ। 34 ਅਤੇ ਉਸ ਨੇ ਬਹੁਤਿਆਂ ਨੂੰ ਜਿਹੜੇ ਭਾਂਤ ਭਾਂਤ ਦੇ ਰੋਗੀ ਸਨ ਚੰਗਾ ਕੀਤਾ ਅਰ ਬਹੁਤ ਸਾਰਿਆਂ ਭੂਤਾਂ ਨੂੰ ਕੱਢ ਦਿੱਤਾ ਅਤੇ ਭੂਤਾਂ ਨੂੰ ਬੋਲਣ ਨਾ ਦਿੱਤਾ ਕਿਉਂ ਜੋ ਓਹ ਉਸ ਨੂੰ ਪਛਾਣਦੇ ਸਨ।

ਮਰਕੁਸ 1:39 ਤਾਂ ਉਹ ਸਾਰੀ ਗਲੀਲ ਵਿੱਚ ਉਨ੍ਹਾਂ ਦੀਆਂ ਸਮਾਜਾਂ ਵਿੱਚ ਜਾ ਕੇ ਮੁਨਾਦੀ ਕਰਦਾ ਅਰ ਭੂਤਾਂ ਨੂੰ ਕੱਢਦਾ ਸੀ।

ਮਰਕੁਸ 5:8 ਕਿਉਂ ਜੋ ਉਸ ਨੇ ਉਹ ਨੂੰ ਕਿਹਾ ਸੀ ਕਿ ਹੇ ਭ੍ਰਿਸ਼ਟ ਆਤਮ, ਇਸ ਮਨੁੱਖ ਵਿੱਚੋਂ ਨਿੱਕਲ ਜਾਹ !

ਮਰਕੁਸ 6:7,13 ਫੇਰ ਉਹ ਉਨ੍ਹਾਂ ਬਾਰਾਂ ਨੂੰ ਕੋਲ ਸੱਦ ਕੇ ਉਨ੍ਹਾਂ ਨੂੰ ਦੋ ਦੋ ਕਰਕੇ ਭੇਜਣ ਲੱਗਾ ਅਰ ਉਸ ਨੇ ਉਨ੍ਹਾਂ ਨੂੰ ਭਰਿਸ਼ਟ ਆਤਮਿਆਂ ਉੱਤੇ ਇਖ਼ਤਿਆਰ ਦਿੱਤਾ। 13 ਅਰ ਬਹੁਤ ਸਾਰਿਆਂ ਭੂਤਾਂ ਨੂੰ ਕੱਢ ਦਿੱਤਾ ਅਤੇ ਬਹੁਤ ਸਾਰਿਆਂ ਰੋਗੀਆਂ ਤੇ ਤੇਲ ਮਲ ਕੇ ਉਨ੍ਹਾਂ ਨੂੰ ਚੰਗਾ ਕੀਤਾ।

ਮਰਕੁਸ 9:23-25 ਯਿਸੂ ਨੇ ਉਹ ਨੂੰ ਆਖਿਆ, ਜੇ ਤੁਸੀਂ ਕਰ ਸੱਕਦੇ ਹੋ! ਪਰਤੀਤ ਕਰਨ ਵਾਲੇ ਦੇ ਲਈ ਸੱਭੋ ਕੁਝ ਹੋ ਸੱਕਦਾ ਹੈ। 24 ਉਸੇ ਵੇਲੇ ਉਸ ਬਾਲਕ ਦਾ ਪਿਉ ਉੱਚੀ ਅਵਾਜ਼ ਨਾਲ ਕਹਿਣ ਲੱਗਾ, ਮੈਂ ਪਰਤੀਤ ਕਰਦਾ ਹਾਂ, ਤੁਸੀਂ ਮੇਰੀ ਬੇ ਪਰਤੀਤੀ ਦਾ ਉਪਾਉ ਕਰੋ! 25 ਜਦ ਯਿਸੂ ਨੇ ਵੇਖਿਆ ਕਿ ਲੋਕ ਦੌੜ ਕੇ ਇਕੱਠੇ ਹੁੰਦੇ ਜਾਂਦੇ ਹਨ ਤਦ ਉਹ ਨੇ ਭਰਿਸ਼ਟ ਰੂਹ ਨੂੰ ਝਿੜਕਿਆ ਅਤੇ ਉਸ ਨੂੰ ਕਿਹਾ, ਹੇ ਗੁੰਗੀ ਬੋਲੀ ਰੂਹ ਮੈਂ ਤੈਨੂੰ ਹੁਕਮ ਕਰਦਾ ਹਾਂ ਜੋ ਇਸ ਵਿੱਚੋਂ ਨਿੱਕਲ ਜਾਹ ਅਤੇ ਫੇਰ ਕਦੇ ਇਸ ਵਿੱਚ ਨਾ ਵੜੀਂ !

ਮਰਕੁਸ 9:29 ਉਸ ਨੇ ਉਨ੍ਹਾਂ ਨੂੰ ਕਿਹਾ ਕਿ ਇਸ ਪਰਕਾਰ ਦੀ ਪ੍ਰਾਰਥਨਾ ਬਿਨਾ ਕਿਸੇ ਹੋਰ ਤਰਾਂ ਨਹੀਂ ਨਿੱਕਲ ਸੱਕਦੀ। (ਪਰ ਪ੍ਰਾਰਥਨਾ ਅਤੇ ਵਰਤ ਕੇ.)

ਮਰਕੁਸ 9:38,39 ਯੂਹੰਨਾ ਨੇ ਉਹ ਨੂੰ ਆਖਿਆ, ਗੁਰੂ ਜੀ, ਅਸੀਂ ਇੱਕ ਨੂੰ ਤੇਰੇ ਨਾਮ ਨਾਲ ਭੂਤ ਕੱਢਦੇ ਵੇਖਿਆ ਅਤੇ ਉਹ ਨੂੰ ਵਰਜਿਆ ਇਸ ਲਈ ਜੋ ਉਹ ਸਾਡੇ ਪਿੱਛੇ ਨਹੀਂ ਸੀ ਚੱਲਦਾ। 39 ਪਰ ਯਿਸੂ ਨੇ ਕਿਹਾ, ਉਹ ਨੂੰ ਨਾ ਵਰਜੋ ਕਿਉਂਕਿ ਅਜਿਹਾ ਕੋਈ ਨਹੀਂ ਜੋ ਮੇਰਾ ਨਾਮ ਲੈ ਕੇ ਕਰਾਮਾਤ ਕਰੇ ਅਰ ਓਵੇਂ ਮੈਨੂੰ ਬੁਰਾ ਕਹਿ ਸੱਕੇ।

ਮਰਕੁਸ 16:17 ਅਤੇ ਨਿਹਚਾ ਕਰਨ ਵਾਲਿਆਂ ਦੇ ਨਾਲ ਨਾਲ ਏਹ ਨਿਸ਼ਾਨ ਹੋਣਗੇ ਜੋ ਓਹ ਮੇਰਾ ਨਾਮ ਲੈ ਕੇ ਭੂਤਾਂ ਨੂੰ ਕੱਢਣਗੇ, ਓਹ ਨਵੀਆਂ ਨਵੀਆਂ ਬੋਲੀਆਂ ਬੋਲਣਗੇ,

ਲੋਕਾ 4:34-36 ਹਾਏ ਯਿਸੂ ਨਾਸਰੀ ! ਤੇਰਾ ਸਾਡੇ ਨਾਲ ਕੀ ਕੰਮ ? ਕੀ ਤੂੰ ਸਾਡਾ ਨਾਸ ਕਰਨ ਆਇਆ ਹੈਂ ? ਮੈਂ ਤੈਨੂੰ ਜਾਣਦਾ ਹਾਂ ਜੋ ਤੂੰ ਕੌਣ ਹੈਂ। ਤੂੰ ਪਰਮੇਸ਼ੁਰ ਦਾ ਪਵਿੱਤ੍ਰ ਪੁਰਖ ਹੈਂ ! 35 ਤਾਂ ਯਿਸੂ ਨੇ ਉਹ ਨੂੰ ਵਰਜ ਕੇ ਕਿਹਾ, ਚੁੱਪ ਕਰ ਅਤੇ ਇਸ ਵਿੱਚੋਂ ਨਿੱਕਲ ਜਾਹ ! ਸੋ ਉਹ ਭੂਤ ਉਸ ਨੂੰ ਵਿਚਕਾਰ ਪਟਕ ਕੇ ਬਿਨਾ ਸੱਟ ਲਾਏ ਉਸ ਦੇ ਅੰਦਰੋਂ ਨਿੱਕਲ ਗਿਆ। 36 ਅਤੇ ਸਾਰੇ ਹੈਰਾਨ ਹੋਏ ਅਤੇ ਆਪਸ ਵਿੱਚ ਗੱਲਾਂ ਕਰ ਕੇ ਇੱਕ ਦੂਏ ਨੂੰ ਕਹਿਣ ਲੱਗੇ ਭਈ ਇਹ ਕੀ ਗੱਲ ਹੈ ? ਕਿਉਂ ਜੋ ਉਹ ਇਖ਼ਤਿਆਰ ਅਤੇ ਸਮਰੱਥਾ ਨਾਲ ਭ੍ਰਿਸ਼ਟ ਆਤਮਿਆਂ ਨੂੰ ਹੁਕਮ ਕਰਦਾ ਹੈ ਅਤੇ ਓਹ ਨਿੱਕਲ ਜਾਂਦੇ ਹਨ !

ਲੋਕਾ 4:41 ਅਰ ਬਹੁਤਿਆਂ ਵਿੱਚੋਂ ਭੂਤ ਭੀ ਚੀਕਾਂ ਮਾਰਦੇ ਅਤੇ ਇਹ ਆਖਦੇ ਨਿੱਕਲ ਆਏ ਭਈ ਤੂੰ ਪਰਮੇਸ਼ੁਰ ਦਾ ਪੁੱਤ੍ਰ ਹੈਂ ! ਪਰ ਉਸ ਨੇ ਉਨ੍ਹਾਂ ਨੂੰ ਝਿੜਕ ਕੇ ਬੋਲਣ ਨਾ ਦਿੱਤਾ ਕਿਉਂ ਜੋ ਓਹ ਪਛਾਣਦੇ ਸਨ ਜੋ ਇਹ ਮਸੀਹ ਹੈ।

ਲੋਕਾ 7:21 ਉਸ ਨੇ ਉਸ ਘੜੀ ਬਹੁਤਿਆਂ ਨੂੰ ਰੋਗਾਂ ਅਰ ਬਲਾਈਆਂ ਅਤੇ ਬਦ ਰੂਹਾਂ ਤੋਂ ਚੰਗਾ ਕੀਤਾ ਅਤੇ ਬਹੁਤਿਆਂ ਅੰਨ੍ਹਿਆਂ ਨੂੰ ਸੁਜਾਖਾ ਕੀਤਾ ਸੀ।

ਲੋਕਾ 8:29 ਕਿਉਂਕਿ ਉਹ ਉਸ ਭ੍ਰਿਸ਼ਟ ਆਤਮਾ ਨੂੰ ਹੁਕਮ ਕਰ ਰਿਹਾ ਸੀ ਕਿ ਇਸ ਮਨੁੱਖ ਵਿੱਚੋਂ ਨਿੱਕਲ ਜਾਹ ਇਸ ਲਈ ਜੋ ਉਹ ਬਹੁਤ ਵਾਰੀ ਉਹ ਨੂੰ ਖਿੱਚ ਕਰਦਾ ਸੀ ਅਤੇ ਉਹ ਸੰਗਲਾਂ ਅਤੇ ਬੇੜੀਆਂ ਨਾਲ ਜਕੜਿਆ ਹੋਇਆ ਪਹਿਰੇ ਵਿੱਚ ਰਹਿੰਦਾ ਸੀ ਪਰ ਉਹ ਬੰਧਨਾਂ ਨੂੰ ਤੋੜ ਸੁੱਟਦਾ ਅਤੇ ਭੂਤ ਉਹ ਨੂੰ ਉਜਾੜਾਂ ਵਿੱਚ ਭਜਾਈ ਫਿਰਦਾ ਸੀ।

ਲੋਕਾ 9:40 ਮੈਂ ਤੇਰੇ ਚੇਲਿਆਂ ਦੇ ਅੱਗੇ ਬੇਨਤੀ ਕੀਤੀ ਜੋ ਉਸ ਨੂੰ ਕੱਢ ਦੇਣ ਪਰ ਓਹ ਨਾ ਕੱਢ ਸੱਕੇ।

ਲੋਕਾ 10:17-20 ਓਹ ਸੱਤਰ ਅਨੰਦ ਨਾਲ ਮੁੜੇ ਅਰ ਬੋਲੇ ਕਿ ਪ੍ਰਭੁ ਜੀ ਤੇਰੇ ਨਾਮ ਕਰਕੇ ਭੂਤ ਭੀ ਸਾਡੇ ਵੱਸ ਵਿੱਚ ਹਨ ! 18 ਉਸ ਨੇ ਉਨ੍ਹਾਂ ਨੂੰ ਆਖਿਆ, ਮੈਂ ਸ਼ਤਾਨ ਨੂੰ ਬਿਜਲੀ ਵਾਂਙੁ ਡਿੱਗਾ ਹੋਇਆ ਡਿੱਠਾ। 19 ਵੇਖੋ ਮੈਂ ਤੁਹਾਨੂੰ ਸੱਪਾਂ ਅਤੇ ਠੂੰਹਿਆਂ ਦੇ ਲਿਤਾੜਨ ਦਾ ਅਰ ਵੈਰੀ ਦੀ ਸਾਰੀ ਸ਼ਕਤੀ ਉੱਤੇ ਇਖ਼ਤਿਆਰ ਦਿੱਤਾ ਹੈ ਅਤੇ ਕੋਈ ਵੀ ਚੀਜ਼ ਤੁਹਾਡਾ ਨੁਕਸਾਨ ਨਾ ਕਰੇਗੀ। 20 ਪਰ ਇਸ ਤੋਂ ਅਨੰਦ ਨਾ ਹੋਵੋ ਕਿ ਰੂਹਾਂ ਤੁਹਾਡੇ ਵੱਸ ਵਿੱਚ ਹਨ ਪਰ ਇਸ ਤੋਂ ਅਨੰਦ ਹੋਵੋ ਭਈ ਤੁਹਾਡੇ ਨਾਉਂ ਸੁਰਗ ਵਿੱਚ ਲਿਖੇ ਹੋਏ ਹਨ।

ਲੋਕਾ 11:14 ਉਹ ਇੱਕ ਗੂੰਗੇ ਭੂਤ ਨੂੰ ਕੱਢਦਾ ਪਿਆ ਸੀ ਅਤੇ ਐਉਂ ਹੋਇਆ ਕਿ ਜਾਂ ਭੂਤ ਨਿੱਕਲ ਗਿਆ ਤਾਂ ਉਹ ਗੂੰਗਾ ਬੋਲਣ ਲੱਗ ਪਿਆ ਅਰ ਲੋਕ ਹੈਰਾਨ ਹੋਏ।

ਲੋਕਾ 11:20-22 ਪਰ ਜੇ ਮੈਂ ਪਰਮੇਸ਼ੁਰ ਦੀ ਉਂਗਲ ਨਾਲ ਭੂਤਾਂ ਨੂੰ ਕੱਢਦਾ ਹਾਂ ਤਾਂ ਪਰਮੇਸ਼ੁਰ ਦਾ ਰਾਜ ਤੁਸਾਂ ਉੱਤੇ ਆ ਪਹੁੰਚਿਆ ਹੈ। 21 ਜਦ ਕੋਈ ਜ਼ੋਰਾਵਰ ਹਥਿਆਰ ਬੰਨ੍ਹੀਂ ਆਪਣੇ ਘਰ ਦੀ ਰਖਵਾਲੀ

ਕਰਦਾ ਹੈ ਤਾਂ ਉਹ ਦਾ ਮਾਲ ਬਚ ਰਹਿੰਦਾ ਹੈ। 22 ਪਰ ਜੇ ਕੋਈ ਉਸ ਨਾਲੋਂ ਜ਼ੋਰਾਵਰ ਆਣ ਕੇ ਉਹ ਨੂੰ ਜਿੱਤ ਲਵੇ ਤਾਂ ਉਹ ਦੇ ਸਾਰੇ ਹਥਿਆਰ ਜਿਨ੍ਹਾਂ ਉੱਤੇ ਉਹ ਦਾ ਮਾਣ ਸੀ ਖੋਹ ਲੈਂਦਾ ਅਤੇ ਉਹ ਦੀ ਲੁੱਟ ਵੰਡ ਦਿੰਦਾ ਹੈ।

ਲੋਕਾ 13:32 ਉਸ ਨੇ ਉਨ੍ਹਾਂ ਨੂੰ ਆਖਿਆ, ਤੁਸੀਂ ਜਾ ਕੇ ਉਸ ਲੂੰਬੜੀ ਨੂੰ ਕਹੋ ਭਈ ਵੇਖ ਮੈਂ ਅੱਜ ਅਰ ਕੱਲ੍ਹ ਭੂਤਾਂ ਨੂੰ ਕੱਢਦਾ ਅਤੇ ਨਰੋਆ ਕਰਦਾ ਹਾਂ ਅਰ ਤੀਏ ਦਿਨ ਪੂਰਾ ਹੋ ਜਾਵਾਂਗਾ।

ਯੂਹੰਨਾ 14:12 ਮੈਂ ਤੁਹਾਨੂੰ ਸੱਚ ਸੱਚ ਆਖਦਾ ਹਾਂ ਕਿ ਜੋ ਮੇਰੇ ਉੱਤੇ ਨਿਹਚਾ ਕਰਦਾ ਹੈ ਸੋ ਏਹ ਕੰਮ ਜਿਹੜੇ ਮੈਂ ਕਰਦਾ ਹਾਂ ਉਹ ਭੀ ਕਰੇਗਾ ਸਗੋਂ ਇਨ੍ਹਾਂ ਨਾਲੋਂ ਵੱਡੇ ਕੰਮ ਕਰੇਗਾ ਕਿਉਂ ਜੋ ਮੈਂ ਪਿਤਾ ਕੋਲ ਜਾਂਦਾ ਹਾਂ।

ਯੂਹੰਨਾ 17:15 ਮੈਂ ਇਹ ਬੇਨਤੀ ਨਹੀਂ ਕਰਦਾ ਜੋ ਤੂੰ ਓਹਨਾਂ ਨੂੰ ਜਗਤ ਵਿੱਚੋਂ ਚੁੱਕ ਲਵੇਂ ਪਰ ਇਹ ਜੋ ਤੂੰ ਦੁਸ਼ਟ ਤੋਂ ਓਹਨਾਂ ਦੀ ਰੱਛਿਆ ਕਰੇਂ।

ਰਸੂਲਾਂ ਦੇ ਕਰਤੱਬ 10:38 ਅਰਥਾਤ ਯਿਸੂ ਨਾਸਰੀ ਭਈ ਪਰਮੇਸ਼ੁਰ ਨੇ ਕਿਸ ਬਿਧ ਨਾਲ ਉਹ ਨੂੰ ਪਵਿੱਤ੍ਰ ਆਤਮਾ ਅਤੇ ਸਮਰੱਥਾ ਨਾਲ ਮਸਹ ਕੀਤਾ ਜੋ ਉਹ ਭਲਾ ਕਰਦਾ ਅਤੇ ਸਭਨਾਂ ਨੂੰ ਜੋ ਸ਼ਤਾਨ ਦੇ ਕਾਬੂ ਕੀਤੇ ਹੋਏ ਸਨ ਚੰਗਾ ਕਰਦਾ ਫਿਰਿਆ ਕਿਉਂ ਜੋ ਪਰਮੇਸ਼ੁਰ ਉਹ ਦੇ ਨਾਲ ਸੀ।

ਰਸੂਲਾਂ ਦੇ ਕਰਤੱਬ 16:17,18 ਸੋ ਪੌਲੁਸ ਦੇ ਅਤੇ ਸਾਡੇ ਮਗਰ ਆਣ ਕੇ ਹਾਕਾਂ ਮਾਰਦੀ ਅਤੇ ਕਹਿੰਦੀ ਸੀ ਜੋ ਏਹ ਲੋਕ ਅੱਤ ਮਹਾਂ ਪਰਮੇਸ਼ੁਰ ਦੇ ਦਾਸ ਹਨ ਜਿਹੜੇ ਤੁਹਾਨੂੰ ਮੁਕਤੀ ਦਾ ਰਾਹ ਦੱਸਦੇ ਹਨ ! 18 ਉਹ ਬਹੁਤ ਦਿਨਾਂ ਤੀਕੁਰ ਇਹ ਕਰਦੀ ਰਹੀ ਪਰ ਪੌਲੁਸ ਅੱਕ ਗਿਆ ਅਤੇ ਮੁੜ ਕੇ ਉਸ ਰੂਹ ਨੂੰ ਕਿਹਾ, ਮੈਂ ਤੈਨੂੰ ਯਿਸੂ ਮਸੀਹ ਦੇ ਨਾਮ ਨਾਲ ਹੁਕਮ ਕਰਦਾ ਹਾਂ ਜੋ ਇਹ ਦੇ ਵਿੱਚੋਂ ਨਿੱਕਲ ਜਾਹ ! ਅਤੇ ਉਹ ਉਸੇ ਘੜੀ ਨਿੱਕਲ ਗਈ।

ਰਸੂਲਾਂ ਦੇ ਕਰਤੱਬ 19:11,12 ਪਰਮੇਸ਼ੁਰ ਪੌਲੁਸ ਦੇ ਹੱਥੋਂ ਅਨੋਖੀਆਂ ਕਰਾਮਾਤਾਂ ਵਿਖਾਲਦਾ ਸੀ। 12 ਐਥੋਂ ਤੀਕ ਜੋ ਰੁਮਾਲ ਅਰ ਪਟਕੇ ਉਹ ਦੇ ਸਰੀਰ ਨੂੰ ਛੁਆ ਕੇ ਰੋਗੀਆਂ ਉੱਤੇ ਪਾਉਂਦੇ ਸਨ ਅਤੇ ਉਨ੍ਹਾਂ ਦੇ ਰੋਗ ਜਾਂਦੇ ਰਹਿੰਦੇ ਅਰ ਦੁਸ਼ਟ ਆਤਮੇ ਨਿੱਕਲ ਜਾਂਦੇ ਸਨ।

ਰਸੂਲਾਂ ਦੇ ਕਰਤੱਬ 26:15-18 ਤਾਂ ਮੈਂ ਆਖਿਆ, ਪ੍ਰਭੁ ਜੀ, ਤੂੰ ਕੌਣ ਹੈਂ ? ਪ੍ਰਭੁ ਬੋਲਿਆ, ਮੈਂ ਯਿਸੂ ਹਾਂ ਜਿਹ ਨੂੰ ਤੂੰ ਸਤਾਉਂਦਾ ਹੈਂ। 16 ਪਰ ਉੱਠ ਅਤੇ ਆਪਣੇ ਪੈਰਾਂ ਉੱਤੇ ਖਲੋ ਜਾਹ ਕਿਉਂ ਜੋ ਮੈਂ ਤੈਨੂੰ ਇਸ ਲਈ ਦਰਸ਼ਣ ਦਿੱਤਾ ਹੈ ਭਈ ਉਨ੍ਹਾਂ ਗੱਲਾਂ ਦਾ ਜਿਨ੍ਹਾਂ ਵਿੱਚ ਤੈਂ ਮੈਨੂੰ ਵੇਖਿਆ ਅਤੇ ਜਿਨ੍ਹਾਂ ਵਿੱਚ ਮੈਂ ਤੈਨੂੰ ਵਿਖਾਈ ਦਿਆਂਗਾ ਤੈਨੂੰ ਸੇਵਕ ਅਤੇ ਸਾਖੀ ਠਹਿਰਾਵਾਂ। 17 ਮੈਂ ਤੈਨੂੰ ਇਸ ਕੌਮ ਅਤੇ ਪਰਾਈਆਂ ਕੌਮਾਂ ਤੋਂ ਬਚਾਵਾਂਗਾ ਜਿਨ੍ਹਾਂ ਦੇ ਕੋਲ ਮੈਂ ਤੈਨੂੰ ਘੱਲਦਾ ਹਾਂ। 18 ਤਾਂ ਜੋ ਤੂੰ ਉਨ੍ਹਾਂ ਦੀਆਂ ਅੱਖਾਂ ਨੂੰ ਖੋਲ੍ਹ ਦੇਵੇਂ ਭਈ ਓਹ ਅਨ੍ਹੇਰੇ ਤੋਂ ਚਾਨਣ ਦੀ ਵੱਲ ਅਤੇ ਸ਼ਤਾਨ ਦੇ ਵੱਸ ਤੋਂ ਪਰਮੇਸ਼ੁਰ ਦੀ ਵੱਲ ਮੁੜਨ ਕਿ ਓਹ ਪਾਪਾਂ ਦੀ ਮਾਫ਼ੀ

ਅਤੇ ਉਨ੍ਹਾਂ ਵਿੱਚ ਜੋ ਮੇਰੇ ਉੱਤੇ ਨਿਹਚਾ ਕਰ ਕੇ ਪਵਿੱਤ੍ਰ ਹੋਏ ਹਨ ਵਿਰਸਾ ਪਾਉਣ।

ਰੋਮੀਆਂ 16:20 ਅਰ ਸ਼ਾਂਤੀ ਦਾਤਾ ਪਰਮੇਸ਼ੁਰ ਸ਼ਤਾਨ ਨੂੰ ਝਬਦੇ ਤੁਹਾਡੇ ਪੈਰਾਂ ਦੇ ਹੇਠ ਮਿੱਧੇਗਾ। ਸਾਡੇ ਪ੍ਰਭੁ ਯਿਸੂ ਮਸੀਹ ਦੀ ਕਿਰਪਾ ਤੁਹਾਡੇ ਨਾਲ ਹੋਵੇ।

2 ੨ ਕੁਰਿੰਥੀਆਂ 2:11 ਭਈ ਸ਼ਤਾਨ ਸਾਡੇ ਨਾਲ ਹੱਥ ਨਾ ਕਰ ਜਾਏ ਕਿਉਂ ਜੋ ਅਸੀਂ ਉਸ ਦਿਆਂ ਚਾਲਿਆਂ ਤੋਂ ਅਣਜਾਣ ਨਹੀਂ।

ਗਲਾਤੀਆਂ 1:4 ਜਿਹ ਨੇ ਸਾਡਿਆਂ ਪਾਪਾਂ ਦੇ ਕਾਰਨ ਆਪਣੇ ਆਪ ਨੂੰ ਦੇ ਦਿੱਤਾ ਭਈ ਸਾਡੇ ਪਰਮੇਸ਼ੁਰ ਅਤੇ ਪਿਤਾ ਦੀ ਇੱਛਿਆ ਦੇ ਅਨੁਸਾਰ ਸਾਨੂੰ ਇਸ ਵਰਤਮਾਨ ਬੁਰੇ ਜੁੱਗ ਤੋਂ ਬਚਾ ਲਵੇ।

ਅਫ਼ਸੀਆਂ 4:27 ਅਤੇ ਨਾ ਸ਼ਤਾਨ ਨੂੰ ਥਾਂ ਦਿਓ!

ਅਫ਼ਸੀਆਂ 6:11 ਪਰਮੇਸ਼ੁਰ ਦੇ ਸਾਰੇ ਸ਼ਸਤ੍ਰ ਬਸਤ੍ਰ ਧਾਰੋ ਤਾਂ ਜੋ ਤੁਸੀਂ ਸ਼ਤਾਨ ਦੇ ਛਲ ਛਿੱਦ੍ਰਾਂ ਦੇ ਸਾਹਮਣੇ ਖਲੋ ਸੱਕੋ।

2 ੨ ਥੱਸਲੁਨੀਕੀਆਂ 3:2,3 ਅਤੇ ਇਹ ਭਈ ਅਸੀਂ ਪੁੱਠੇ ਅਤੇ ਬੁਰੇ ਮਨੁੱਖਾਂ ਤੋਂ ਬਚਾਏ ਜਾਈਏ ਕਿਉਂ ਜੋ ਸਭਨਾਂ ਨੂੰ ਨਿਹਚਾ ਨਹੀਂ ਹੈ। 3 ਪਰੰਤੂ ਪ੍ਰਭੁ ਵਫ਼ਾਦਾਰ ਹੈ ਜਿਹੜਾ ਤੁਹਾਨੂੰ ਦ੍ਰਿੜ੍ਹ ਕਰੇਗਾ ਅਤੇ ਦੁਸ਼ਟ ਤੋਂ ਬਚਾਈ ਰੱਖੇਗਾ।

2 ੨ ਤਿਮੋਥਿਉਸ 2:26 ਅਤੇ ਉਹ ਦੀ ਇੱਛਿਆ ਨੂੰ ਪੂਰਿਆਂ ਕਰਨ ਲਈ ਸ਼ਤਾਨ ਦੀ ਫਾਹੀ ਵਿੱਚ ਫਸ ਕੇ ਹੋਸ਼ ਵਿੱਚ ਆਣ ਕੇ ਬਚ ਨਿੱਕਲਣ।

2 ੨ ਤਿਮੋਥਿਉਸ 4:18 ਪ੍ਰਭੁ ਮੈਨੂੰ ਹਰੇਕ ਬੁਰੇ ਕੰਮ ਤੋਂ ਛੁਡਾਵੇਗਾ ਅਤੇ ਆਪਣੇ ਸੁਰਗੀ ਰਾਜ ਲਈ ਸਮਾ·ਲ ਰੱਖੇਗਾ ! ਉਹ ਦੀ ਵਡਿਆਈ ਜੁੱਗੋ ਜੁੱਗ ਹੋਵੇ। ਆਮੀਨ।

1 ੧ ਪਤਰਸ 5:8 ਸੁਚੇਤ ਹੋਵੋ, ਜਾਗਦੇ ਰਹੋ ! ਤੁਹਾਡਾ ਵਿਰੋਧੀ ਸ਼ਤਾਨ ਬੁਕਦੇ ਸ਼ੀਂਹ ਵਾਂਙੂ ਭਾਲਦਾ ਫਿਰਦਾ ਹੈ ਭਈ ਕਿਹ ਨੂੰ ਪਾੜ ਖਾਵਾਂ !

1 ੧ ਯੂਹੰਨਾ 4:4 ਹੇ ਬੱਚਿਓ, ਤੁਸੀਂ ਤਾਂ ਪਰਮੇਸ਼ੁਰ ਤੋਂ ਹੋ ਅਤੇ ਉਨ੍ਹਾਂ ਨੂੰ ਜਿੱਤ ਲਿਆ ਹੈ ਕਿਉਂਕਿ ਜਿਹੜਾ ਤੁਹਾਡੇ ਵਿੱਚ ਹੈ ਸੋ ਓਸ ਨਾਲੋਂ ਵੱਡਾ ਹੈ ਜਿਹੜਾ ਸੰਸਾਰ ਵਿੱਚ ਹੈ।

Pastor T. John Franklin
Church of Salvation, Healing, and Deliverance
COS-HAD.org